SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 18 | Thursday, 30 January 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ



# ਟਰੂਡੋ ਨੇ ਕਿਹਾ- ਵਧਦੀ ਨਫ਼ਰਤ ਤੇ ਕੱਟੜਤਾ ਕਾਰਨ 'ਨੈਵਰ ਅਗੇਨ' ਦੀ ਧਾਰਨਾ ਪੈ ਰਹੀ ਕਮਜ਼ੋਰ

## ਵਾਰਸਾ ਵਿਚ ਨਾਜ਼ੀ ਡੈੱਥ ਕੈਂਪ ਤੋਂ ਮੁਕਤੀ ਦੀ 80ਵੀਂ ਵਰ੍ਹੇਗੰਢ ਮੌਕੇ ਕੀਤੀ ਸ਼ਿਰਕਤ

ਵਾਰਸਾ, 29 ਜਨਵਰੀ (ਪੋਸਟ ਬਿਊਰੋ): ਇਹ ਧਾਰਨਾ ਕਿ 'ਦੁਬਾਰਾ ਕਦੇ ਨਹੀਂ' (ਨੈਵਰ ਅਗੇਨ) ਦੁਨੀਆਂ ਹੋਲੋਕਾਸਟ ਵਰਗੀ ਕਿਸੇ ਚੀਜ਼ ਨੂੰ ਵਾਪਰਨ ਦੀ ਇਜਾਜ਼ਤ ਨਹੀਂ ਦੇਵੇਗੀ, ਮਹਿਸੂਸ ਹੁੰਦਾ ਹੈ ਕਿ ਇਹ ਕਮਜ਼ੋਰ ਪੈ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਅਤੇ ਪੋਲੈਂਡ ਦੇ ਪ੍ਰਧਾਨ ਮੰਤਰੀ ਡੋਨਾਲਡ ਟਸਕ ਨੇ ਮੰਗਲਵਾਰ ਨੂੰ ਕੀਤਾ। ਉਹ ਪੋਲੈਂਡ ਦੇ ਵਾਰਸਾ ਵਿੱਚ ਬਦਨਾਮ ਨਾਜ਼ੀ ਡੈੱਥ ਕੈਂਪ ਆਸ਼ਵਿਟਜ਼ ਦੀ ਮੁਕਤੀ ਦੀ 80ਵੀਂ ਵਰ੍ਹੇਗੰਢ ਮੌਕੇ ਲਈ ਦਰਜਨਾਂ ਹੋਰ ਵਿਸ਼ਵ ਨੇਤਾਵਾਂ 'ਚ ਸ਼ਾਮਿਲ ਹੋਣ ਦੇ ਦੂਜੇ ਦਿਨ ਮਿਲੇ।

ਸਮਾਰੋਹ ਵਿੱਚ ਟਰੂਡੋ ਨੇ ਕਿਹਾ ਕਿ ਉਨ੍ਹਾਂ ਨੇ ਬਚਣ ਵਾਲੇ ਲੋਕਾਂ ਦੇ ਬੱਚਿਆਂ ਅਤੇ ਪੋਤੇ-ਪੋਤੀਆਂ ਨਾਲ ਗੱਲ ਕੀਤੀ, ਜੋ ਕਹਿੰਦੇ ਹਨ ਕਿ ਉਹ ਖੁਸ਼ ਹਨ ਕਿ ਉਨ੍ਹਾਂ ਦੇ ਦਾਦਾ-ਦਾਦੀ ਯਹੂਦੀ-ਵਿਰੋਧ ਅਤੇ ਨਫ਼ਰਤ ਭਰੀਆਂ ਵਿਚਾਰਧਾਰਾਵਾਂ ਦੇ ਵਿਸ਼ਵਵਿਆਪੀ ਪੁਨਰ-ਉਥਾਨ ਨੂੰ ਦੇਖਣ ਲਈ ਸਾਡੇ ਵਿਚ ਨਹੀਂ ਹਨ। ਉਨ੍ਹਾਂ ਕਿਹਾ ਕਿ ਉਹ ਸ਼ਬਦ ਹਰ ਲੋਕਤੰਤਰ ਲਈ ਇੱਕ 'ਚਮਕਦਾਰ ਲਾਲ' "bright red" ਚਿਤਾਵਨੀ ਚਿੰਨ੍ਹ ਹਨ।

ਉਨ੍ਹਾਂ ਕਿਹਾ ਕਿ ਦੋ-ਸ਼ਬਦਾਂ ਦੀ ਸਹੁੰ ਨੂੰ ਕਾਇਮ ਰੱਖਣਾ ਸਾਡੀ ਜ਼ਿੰਮੇਵਾਰੀ ਹੈ, ਜੋ ਅਸੀਂ ਅੰਤਰਰਾਸ਼ਟਰੀ ਭਾਈਚਾਰੇ ਦੇ ਤੌਰ 'ਤੇ ਹੋਲੋਕਾਸਟ - 'ਦੁਬਾਰਾ ਕਦੇ ਨਹੀਂ' ਦੀ ਭਿਆਨਕਤਾ ਨੂੰ ਦੇਖਣ ਤੋਂ ਬਾਅਦ ਚੁੱਕੀ ਸੀ। ਅਸੀਂ ਉਸ ਸਹੁੰ 'ਚ ਅਸਫਲ ਨਹੀਂ ਹੋ ਸਕਦੇ।



ਟਰੂਡੋ ਨੇ ਕਿਹਾ ਕਿ ਯਹੂਦੀ-ਵਿਰੋਧ ਵਧ ਰਿਹਾ ਹੈ, ਖਾਸ ਕਰਕੇ 7 ਅਕਤੂਬਰ, 2023 ਨੂੰ ਇਜ਼ਰਾਈਲ 'ਤੇ ਹਮਾਸ ਦੇ ਬੇਰਹਿਮ ਅੱਤਵਾਦੀ ਹਮਲੇ ਤੋਂ ਬਾਅਦ। ਟਰੂਡੋ ਨੇ ਕਿਹਾ ਜਦੋਂ ਉਹ ਪਹਿਲੀ ਵਾਰ 2017 ਵਿੱਚ ਪ੍ਰਧਾਨ ਮੰਤਰੀ ਵਜੋਂ ਆਸ਼ਵਿਟਜ਼ ਗਏ ਸਨ ਤਾਂ ਮਹਿਸੂਸ ਹੋਇਆ ਕਿ ਦੁਨੀਆ ਦੁਬਾਰਾ ਕਦੇ ਨਾ ਹੋਣ ਦੇ ਸਿਧਾਂਤ 'ਤੇ ਅੜੀ ਹੋਈ ਸੀ। ਪਰ ਹੁਣ ਦੁਨੀਆ ਭਰ ਵਿੱਚ ਨਫ਼ਰਤ ਅਤੇ ਕੱਟੜਤਾ ਵਿੱਚ ਇੰਨੇ ਵਾਧੇ ਦੇ ਨਾਲ ਲੋਕ ਉਨ੍ਹਾਂ ਨੂੰ ਦੱਸ ਰਹੇ ਹਨ ਕਿ ਇਹ ਥੋੜਾ ਜਿਹਾ ਤਿਲਕ ਰਿਹਾ ਹੈ।

ਪੋਲੈਂਡ ਦੇ ਪ੍ਰਧਾਨ ਮੰਤਰੀ ਡੋਨਾਲਡ ਟਸਕ ਨੇ ਕਿਹਾ ਕਿ ਯੂਰਪ ਵਿੱਚ ਸੱਜੇ-ਪੱਖੀ ਰਾਜਨੀਤਿਕ ਪਾਰਟੀਆਂ ਦੇ ਉਭਾਰ ਬਾਰੇ ਵੀ ਖ਼ਤਰੇ ਦੀਆਂ ਘੰਟੀਆਂ ਵੱਜਣੀਆਂ ਚਾਹੀਦੀਆਂ ਹਨ, ਜਿਸ ਵਿੱਚ ਅਲਟਰਨੇ-ਟਿਵ ਫਾਰ ਜਰਮਨੀ ਵੀ ਸ਼ਾਮਲ ਹੈ, ਇੱਕ ਸੱਜੇ-ਪੱਖੀ ਪ੍ਰਵਾਸੀ ਵਿਰੋਧੀ ਪਾਰਟੀ ਜੋ ਇਸ ਸਮੇਂ ਉਸ ਦੇਸ਼ ਦੀਆਂ ਚੋਣਾਂ ਵਿੱਚ ਦੂਜੇ ਸਥਾਨ 'ਤੇ ਹੈ। ਸਮੱਸਿਆ ਇਹ ਹੈ ਕਿ ਸਾਡੇ ਕੋਲ ਯੂਰਪ ਵਿੱਚ ਅਜਿਹੇ ਸਿਆਸਤਦਾਨ ਹਨ ਅਤੇ ਉਹ ਸ਼ਕਤੀ ਪ੍ਰਾਪਤ ਕਰ ਰਹੇ ਹਨ।

# ਇਸ਼ਤਿਹਾਰ ਰਾਹੀਂ ਐਕਸ 'ਤੇ ਕੈਨੇਡੀਅਨ ਸਿਆਸਤਦਾਨਾਂ ਨੂੰ ਬਣਾਇਆ ਜਾ ਰਿਹਾ ਨਿਸ਼ਾਨਾ

ਓਟਵਾ, 29 ਜਨਵਰੀ (ਪੋਸਟ ਬਿਊਰੋ): ਅਮਰੀਕੀ ਸੋਸ਼ਲ ਮੀਡੀਆ ਪਲੇਟਫਾਰਮ , ਜਿਸਨੂੰ ਪਹਿਲਾਂ ਟਵਿੱਟਰ ਵਜੋਂ ਜਾਣਿਆ ਜਾਂਦਾ ਸੀ, 'ਤੇ ਮੁੱਖ ਧਾਰਾ ਦੀਆਂ ਖ਼ਬਰਾਂ ਦੀ ਸਮੱਗਰੀ ਦੇ ਰੂਪ ਵਿੱਚ ਸਪਾਂਸਰ ਕੀਤੀਆਂ ਪੋਸਟਾਂ ਕੈਨੇਡੀਅਨ ਰਾਜਨੇਤਾਵਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਸੁਨੇਹਿਆਂ ਨਾਲ ਫੀਡ ਭਰ ਰਹੀਆਂ ਹਨ। ਇਹ ਇੱਕ ਰੂਸ ਦੀ ਸਮਰਥਨ ਵਾਲੀ ਯੋਜਨਾ ਦਾ ਹਿੱਸਾ ਜਾਪਦਾ ਹੈ।




ਪੋਸਟਾਂ ਇਕ ਨਿਊਜ਼ ਚੈਨਲ ਦੇ ਲੇਖਾਂ ਦੀ ਨਕਲ ਕਰਦੀਆਂ ਹਨ ਅਤੇ ਕੰਜ਼ਰਵੇਟਿਵ ਨੇਤਾ ਪੀਅਰੇ ਪੋਇਲੀਵਰ ਅਤੇ ਐੱਨ.ਡੀ.ਪੀ. ਨੇਤਾ ਜਗਮੀਤ ਸਿੰਘ ਨੂੰ ਸਨਸਨੀਖੇਜ਼ ਸੁਰਖੀਆਂ ਨਾਲ ਨਿਸ਼ਾਨਾ ਬਣਾ ਰਹੀਆਂ ਹਨ।

ਤਕਨਾਲੋਜੀ ਵਿਸ਼ਲੇਸ਼ਕ ਕਾਰਮੀ ਲੇਵੀ ਨੇ ਦੱਸਿਆ ਕਿ ਲੱਗ ਰਿਹਾ ਹੈ ਕਿ ਇਸ ਤਰ੍ਹਾਂ ਦੀਆਂ ਗਲਤ ਜਾਣਕਾਰੀ ਵਾਲੀਆਂ ਮੁਹਿੰਮਾਂ ਵਧੇਰੇ ਪ੍ਰਚਲਿਤ ਹੋਣਗੀਆਂ ਕਿਉਂਕਿ ਓਨਟਾਰੀਓ ਚੋਣਾਂ ਵੱਲ ਵਧ ਰਿਹਾ ਹੈ। ਜ਼ਿਆਦਾਤਰ ਲੋਕ ਗਲਤ ਜਾਣਕਾਰੀ ਫੈਲਾਉਣ ਲਈ ਸੋਸ਼ਲ ਮੀਡੀਆ ਡਿਜੀਟਲ ਟੂਲਸ ਦੀ ਵਰਤੋਂ ਕਰ ਰਹੇ ਹਨ।

ਇਸ ਤੋਂ ਇਲਾਵਾ, ਉਹ ਵਰਗੇ ਪ੍ਰਮੁੱਖ ਪਲੇਟਫਾਰਮਾਂ 'ਤੇ ਸਮੱਗਰੀ ਸੰਚਾਲਨ ਅਤੇ ਤੱਥ-ਜਾਂਚ ਲਈ ਢਿੱਲੀ ਪਹੁੰਚ ਵੱਲ ਇਸ਼ਾਰਾ ਕਰਦਾ ਹੈ, ਅਤੇ ਹੁਣ ਮੇਟਾ, ਜੋ ਕਿ ਫੇਸਬੁੱਕ ਅਤੇ ਇੰਸਟਾਗ੍ਰਾਮ ਦਾ ਮਾਲਕ ਹੈ, ਜਾਅਲੀ ਪੋਸਟਾਂ ਅਤੇ ਨਿਸ਼ਾਨਾਬੱਧ ਗਲਤ ਜਾਣਕਾਰੀ ਮੁਹਿੰਮਾਂ ਦੇ ਪ੍ਰਸਾਰ ਵਿੱਚ ਹੋਰ ਯੋਗਦਾਨ ਪਾ ਰਹੇ ਹਨ। ਇਹ ਇੱਕ ਅਜਿਹਾ ਮੁੱਦਾ ਹੈ ਜੋ ਹਾਲ ਹੀ ਦੇ ਸਾਲਾਂ ਵਿੱਚ ਵਧਿਆ ਹੈ, ਜਿਸ 'ਤੇ ਕਿ ਸਾਬਕਾ ਅਮਰੀਕੀ ਰਾਸ਼ਟਰਪਤੀ ਜੋਅ ਬਾਈਡਨ ਨੇ ਆਪਣੇ ਵਿਦਾਇਗੀ ਭਾਸ਼ਣ ਵਿੱਚ ਚਿੰਤਾ ਪ੍ਰਗਟਾਈ ਸੀ। ਲੇਵੀ ਅਨੁਸ-ਾਰ ਕੈਨੇਡਾ ਸਰਹੱਦ ਪਾਰ ਗਲਤ ਜਾਣਕਾਰੀ ਦੇ ਓਵਰਲੋਡ ਤੋਂ ਸੁਰੱਖਿਅਤ ਨਹੀਂ ਹੈ।

# ਕੈਨੇਡਾ ਵਿੱਚ ਕਤਲ ਦੇ ਮਾਮਲੇ 'ਚ ਲੋੜੀਂਦਾ ਵਿਅਕਤੀ ਏਅਰਡਰੀ, ਅਲਬਰਟਾ ਵਿੱਚ ਗ੍ਰਿਫਤਾਰ

ਕੈਲਗਰੀ, 29 ਜਨਵਰੀ (ਪੋਸਟ ਬਿਊਰੋ): ਅਲਬਰਟਾ ਆਰਸੀਐੱਮਪੀ ਨੇ ਕਿਹਾ ਕਿ ਟੋਰਾਂਟੋ ਪੁਲਿਸ ਵੱਲੋਂ ਲੋੜੀਂਦਾ ਇੱਕ ਹਥਿਆਰਬੰਦ ਕਤਲ ਦੇ ਮਾਮਲੇ 'ਚ ਮੁਲਜ਼ਮ ਨੂੰ ਸੋਮਵਾਰ ਨੂੰ ਏਅਰਡਰੀ ਵਿੱਚ ਗ੍ਰਿਫ਼ਤਾਰ ਕੀਤਾ ਗਿਆ।

ਆਰਸੀਐੱਮਪੀ ਨੇ ਕਿਹਾ ਕਿ ਵਿਅਕਤੀ ਨੂੰ ਇੱਕ ਵਾਹਨ ਵਿੱਚ ਤੇਜ਼ ਰਫ਼ਤਾਰ ਨਾਲ ਗੱਡੀ ਚਲਾਉਣ ਲਈ ਰੋਕਿਆ ਗਿਆ ਸੀ, ਜਿਸਦੀ ਖਿੜਕੀ 'ਤੇ ਗ਼ੈਰਕਾਨੂੰਨੀ ਟਿੰਟ (ਕਾਲੀ ਟੇਪ ਵਾਂਗ) ਲੱਗਾ ਹੋਇਆ ਸੀ।



ਬੁੱਧਵਾਰ ਨੂੰ ਏਅਰਡਰੀ ਆਰਸੀਐੱਮਪੀ (RCMP) ਨੇ ਕਿਹਾ ਕਿ ਟ੍ਰੈਫਿਕ ਸਟਾਪ ਨੇ ਆਪਰਾਧ ਦੀ ਕਮਾਈ ਦਾ ਸੰਕੇਤ ਦਿੰਦੇ ਹੋਏ ਜਾਂਚ ਕੀਤੀ। ਜਿਸ ਸਮੇਂ ਅਧਿਕਾਰੀਆਂ ਨੇ ਮਹਿਲਾ ਚਾਲਕ ਅਤੇ ਪੁਰਸ਼ ਮੁਸਾਫ਼ਰ ਦੋਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਕੋਸ਼ਿਸ਼ ਕੀਤੀ।

ਆਰਸੀਐੱਮਪੀ ਨੇ ਦੱਸਿਆ ਕਿ ਗ੍ਰਿਫ਼ਤਾਰੀ ਦੌਰਾਨ, ਪੁਰਸ਼ ਵਾਹਨ 'ਚੋ ਬਾਹਰ ਨਿਕਲ ਗਿਆ ਅਤੇ ਪੈਦਲ ਹੀ ਭੱਜ ਗਿਆ। ਪੁਲਿਸ ਨੇ ਉਸਦਾ ਪਿੱਛਾ ਕਰਕੇ ਉਸਨੂੰ ਫੜ੍ਹ ਲਿਆ।

ਪੁਲਿਸ ਨੇ ਕਿਹਾ ਕਿ ਵਿਅਕਤੀ ਕੋਲੋਂ ਇੱਕ ਲੋਡੇਡ 40-ਕੈਲਿਬਰ ਗੰਨ ਮਿਲੀ। ਹਾਲਾਂਕਿ ਪੁਲਿਸ ਦਾ ਕਹਿਣਾ ਹੈ ਕਿ ਉਸਨੇ ਨਕਲੀ ਪਹਿਚਾਣ ਦਿੱਤੀ ਸੀ ਪਰ ਅਧਿਕਾਰੀ ਇਹ ਨਿਰਧਾਰਤ ਕਰਨ 'ਚ ਸਮਰੱਥ ਸਨ ਕਿ ਉਹ ਵਾਸਤਵ ਵਿੱਚ ਕੌਣ ਸੀ।

ਆਰਸੀਐੱਮਪੀ ਦਾ ਕਹਿਣਾ ਹੈ ਕਿ ਉਹ ਵਿਅਕਤੀ ਟੋਰਾਂਟੋ ਵਿੱਚ 2018 ਵਿੱਚ ਹੋਏ ਕਤਲ ਦੀ ਜਾਂਚ ਨਾਲ ਜੁੜੇ ਪ੍ਰਸਟ ਡਿਗਰੀ ਕਤਲ ਦੇ ਦੋ ਮਾਮਲਿਆਂ ਅਤੇ ਕਤਲ ਦੀ ਕੋਸ਼ਿਸ਼ ਦੇ ਇੱਕ ਮਾਮਲੇ ਲਈ ਕੈਨੇਡਾ ਪੱਧਰੀ ਵਾਰੰਟ 'ਤੇ ਲੋੜੀਂਦਾ ਸੀ ।

ਹਾਲਾਂਕਿ ਦੋਸ਼ਾਂ ਦੇ ਸਮੇਂ ਉਸਦੀ ਉਮਰ 18 ਸਾਲ ਤੋਂ ਘੱਟ ਸੀ, ਇਸ ਲਈ ਉਸਦਾ ਨਾਮ ਯੁਵਾ ਆਪਰਾਧਿਕ ਨਿਆਂ ਐਕਟ ਤਹਿਤ ਜਾਰੀ ਨਹੀਂ ਕੀਤਾ ਜਾ ਸਕਦਾ। ਉਸ 'ਤੇ ਇੱਕ ਦਰਜਨ ਤੋਂ ਜ਼ਿਆਦਾ ਨਵੇਂ ਚਾਰਜਿਜ਼ ਹਨ।

ਵਾਹਨ ਦੀ ਚਾਲਕ, ਬਰਨਬੀ, ਬੀ. ਸੀ. ਦੀ 25 ਸਾਲਾ ਔਰਤ 'ਤੇ ਦੋ ਚਾਰਜਿਜ਼ ਹਨ। ਦੋਨਾਂ ਨੂੰ ਅਗਲੀ ਅਦਾਲਤੀ ਪੇਸ਼ੀ ਤੱਕ ਹਿਰਾਸਤ ਵਿੱਚ ਰੱਖਿਆ ਗਿਆ ਹੈ।

# ਬਰੈਂਪਟਨ ਸਟੋਰ 'ਤੇ ਹਥਿਆਰਬੰਦ ਡਕੈਤੀ ਦੇ ਦੋਸ਼ ਵਿੱਚ ਦੋ ਨਾਬਾਲਿਗਾਂ ਸਮੇਤ ਚਾਰ ਗ੍ਰਿਫ਼ਤਾਰ

ਬਰੈਂਪਟਨ, 29 ਜਨਵਰੀ (ਪੋਸਟ ਬਿਊਰੋ): ਪੀਲ ਪੁਲਿਸ ਨੇ ਬਰੈਂਪਟਨ ਵਿੱਚ ਇੱਕ ਇਲੈਕਟ੍ਰਾਨਿਕਸ ਸਟੋਰ 'ਤੇ ਹਥਿਆਰਬੰਦ ਡਕੈਤੀ ਦੇ ਸਬੰਧ ਵਿੱਚ ਦੋ ਨਾਬਾਲਗਾਂ ਸਮੇਤ ਚਾਰ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਜਾਂਚਕਰਤਾਵਾਂ ਦਾ ਕਹਿਣਾ ਹੈ ਕਿ ਸ਼ਨੀਵਾਰ ਨੂੰ ਸ਼ਾਮ 5 ਵਜੇ ਦੇ ਕਰੀਬ ਚਾਰ ਸ਼ੱਕੀ ਵਿਅਕਤੀ ਸਟੀਲਜ਼ ਐਵੇਨਿਊ ਵੈਸਟ ਅਤੇ ਮੈਕਲਾਫਲਿਨ ਰੋਡ ਸਾਊਥ ਦੇ ਨੇੜੇ ਇੱਕ ਸਟੋਰ ਵਿੱਚ ਦਾਖਲ ਹੋਏ ਕਥਿਤ ਤੌਰ 'ਤੇ ਹਥਿਆਰ ਦਿਖਾ ਕੇ ਸਾਮਾਨ ਦੇਣ ਦੀ ਮੰਗ ਕੀਤੀ। ਜਿਸ ਤੋਂ ਬਾਅਦ ਉਹ ਪਹਿਲਾਂ ਤੋਂ ਉਡੀਕ ਕਰ ਰਹੇ ਵਾਹਨ ਵਿੱਚ ਫ਼ਰਾਰ ਹੋ ਗਏ। ਘਟਨਾ ਵਿਚ ਪੀੜਤ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ।



ਪੁਲਿਸ ਦਾ ਕਹਿਣਾ ਹੈ ਕਿ ਟੈਕਟੀਕਲ ਯੂਨਿਟ ਅਤੇ 22 ਡਿਵੀਜ਼ਨ ਜਾਂਚਕਰਤਾਵਾਂ ਦੇ ਅਧਿਕਾਰੀਆਂ ਨੇ ਟੋਰਾਂਟੋ ਵਿੱਚ ਡੁੰਡਾਸ ਸਟਰੀਟ ਵੈਸਟ ਅਤੇ ਕਿਪਲਿੰਗ ਐਵੇਨਿਊ ਦੇ ਖੇਤਰ ਵਿੱਚ ਸ਼ੱਕੀਆਂ ਦਾ ਪਤਾ ਲਗਾਇਆ। ਜਿਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਅਧਿਕਾਰੀਆਂ ਨੇ 11 ਰਾਊਂਡ ਗੋਲਾ ਬਾਰੂਦ ਦੇ ਨਾਲ ਇੱਕ ਲੋਡ ਕੀਤੀ ਗਲੌਕ, 19 ਹੈਂਡਗਨ ਅਤੇ ਇੱਕ ਮੈਗਜ਼ੀਨ ਵੀ ਬਰਾਮਦ ਕੀਤਾ ਹੈ।

ਗ੍ਰਿਫ਼ਤਾਰ ਮੁਲਜ਼ਮਾਂ ਵਿਚੋਂ ਦੋ ਨਾਬ-ਾਲਿਗ ਹਨ, ਜਿਨ੍ਹਾਂ 'ਤੇ ਪਹਿਲਾਂ ਵੀ ਡਕੈਤੀ ਦੇ ਕਈ ਮਾਮਲੇ ਦਰਜ ਹਨ ਅਤੇ ਦੂਜੇ ਦੋ ਦੀ ਪਛਾਣ 18 ਸਾਲਾ ਚਾਇਮ ਅਬੇਕਾਸਿਸ ਅਤੇ 20 ਸਾਲਾ ਓਲੂਵਾਫੇਮੀ ਓਲਾਡੇਕੋਏ ਵਜੋਂ ਹੋਈ ਹੈ। ਦੋਵੇਂ ਟੋਰਾਂਟੋ ਤੋਂ ਹਨ।

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd
Unit 15
Brampton, ON L6S 0C2

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ
ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA
Professional Corporation
214-7895 Tranmere Drive, Mississauga ON L5S 1V9

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ
647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਸਰਬੀਆ ਦੇ ਪ੍ਰਧਾਨ ਮੰਤਰੀ ਨੇ ਦਿੱਤਾ ਅਸਤੀਫ਼ਾ

## ਨਵੰਬਰ ਵਿੱਚ, ਰੇਲਵੇ ਸਟੇਸ਼ਨ ਸ਼ੈੱਡ ਢਹਿ ਜਾਣ ਨਾਲ 15 ਲੋਕਾਂ ਦੀ ਹੋ ਗਈ ਸੀ ਮੌਤ




ਬੇਲਗ੍ਰੇਡ, 29 ਜਨਵਰੀ (ਪੋਸਟ ਬਿਊਰੋ): ਸਰਬੀਆ ਦੇ ਪ੍ਰਧਾਨ ਮੰਤਰੀ ਮਿਲੋਸ ਵੁਸੇਵਿਕ ਨੇ ਮੰਗਲਵਾਰ ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਜਾਣਕਾਰੀ ਅਨੁਸਾਰ ਉਨ੍ਹਾਂ ਨੂੰ ਹਟਾਉਣ ਲਈ ਨਵੰਬਰ ਤੋਂ ਦੇਸ਼ ਵਿੱਚ ਵਿਰੋਧ ਪ੍ਰਦਰਸ਼ਨ ਚੱਲ ਰਹੇ ਸਨ।

ਜ਼ਿਕਰਯੋਗ ਹੈ ਕਿ 1 ਨਵੰਬਰ ਨੂੰ ਸਰਬੀਆ ਦੇ ਦੂਜੇ ਸਭ ਤੋਂ ਵੱਡੇ ਸ਼ਹਿਰ ਨੋਵੀ ਸਾਦ ਵਿੱਚ ਰੇਲਵੇ ਸਟੇਸ਼ਨ ਦੀ ਛੱਤ ਦਾ ਇੱਕ ਹਿੱਸਾ ਢਹਿ ਗਿਆ। ਇਸ ਵਿੱਚ ਪੰਦਰਾਂ ਲੋਕ ਮਾਰੇ ਗਏ ਸਨ।

ਇਸ ਘਟਨਾ ਤੋਂ ਬਾਅਦ ਦੇਸ਼ ਵਿੱਚ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਸ਼ੁਰੂ ਹੋ ਗਏ। ਹਜ਼ਾਰਾਂ ਲੋਕ ਸੜਕਾਂ 'ਤੇ ਉਤਰ ਆਏ ਅਤੇ ਇਸ ਘਟਨਾ ਦੀ ਜਵਾਬਦੇਹੀ ਦੀ ਮੰਗ ਕਰਨ ਲੱਗੇ। ਲੋਕਾਂ ਨੇ ਦੋਸ਼ ਲਗਾਇਆ ਕਿ ਬਾਲਕੋਨੀ ਢਹਿਣ ਦੀ ਘਟਨਾ ਉਸਾਰੀ ਪ੍ਰੋਜੈਕਟਾਂ ਵਿੱਚ ਭ੍ਰਿਸ਼ਟਾਚਾਰ ਕਾਰਨ ਹੋਈ।

ਨੋਵੀ ਸੈਡ ਘਟਨਾ ਵਿੱਚ 13 ਲੋਕਾਂ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਲੱਗੇ। ਇਸ ਮਾਮਲੇ ਵਿੱਚ ਸਾਬਕਾ ਟਰਾਂਸਪੋਰਟ ਮੰਤਰੀ ਗੋਰਾਨ ਵੇਸਿਕ ਦਾ ਵੀ ਨਾਮ ਸ਼ਾਮਿਲ ਸਨ। ਹਾਲਾਂਕਿ, ਘਟਨਾ ਤੋਂ ਕੁਝ ਦਿਨਾਂ ਬਾਅਦ ਉਨ੍ਹਾਂ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਪਰ ਪ੍ਰਦਰਸ਼ਨਕਾਰੀਆਂ ਦਾ ਗੁੱਸਾ ਘੱਟ ਨਹੀਂ ਹੋਇਆ।

ਇਸ ਵਿਰੋਧ ਪ੍ਰਦਰਸ਼ਨ ਵਿੱਚ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਉਹ ਹਰ ਰੋਜ਼ ਸਵੇਰੇ 11:52 ਵਜੇ 15 ਮਿੰਟ ਲਈ ਦੇਸ਼ ਭਰ ਵਿੱਚ ਵਾਹਨਾਂ ਦੀ ਆਵਾਜਾਈ ਨੂੰ ਰੋਕ ਦੇਣਗੇ। ਇਹ ਉਹੀ ਸਮਾਂ ਸੀ ਜਦੋਂ ਰੇਲਵੇ ਸਟੇਸ਼ਨ 'ਤੇ ਬਾਲਕੋਨੀ ਡਿੱਗਣ ਦੀ ਘਟਨਾ ਵਾਪਰੀ ਸੀ। ਇਸ ਤੋਂ ਇਲਾਵਾ, ਦੇਸ਼ ਦੀਆਂ ਯੂਨੀਵਰਸਿਟੀਆਂ ਵਿੱਚ ਪੜ੍ਹਾਈ ਵੀ ਠੱਪ ਹੋ ਗਈ ਸੀ।

# ਅਲਾਸਕਾ ਵਿੱਚ ਅਮਰੀਕੀ ਐੱਫ-35 ਲੜਾਕੂ ਜਹਾਜ਼ ਹੋਇਆ ਕਰੈਸ਼, ਲੈਂਡਿੰਗ ਦੌਰਾਨ ਹਾਦਸਾ

ਅਲਾਸਕਾ, 29 ਜਨਵਰੀ (ਪੋਸਟ ਬਿਊਰੋ): ਮੰਗਲਵਾਰ ਨੂੰ ਅਲਾਸਕਾ ਵਿੱਚ ਇੱਕ ਉੱਨਤ ਅਮਰੀਕੀ ਲੜਾਕੂ ਜਹਾਜ਼ ਐੱਫ35 ਹਾਦਸਾਗ੍ਰਸਤ ਹੋ ਗਿਆ। ਜਹਾਜ਼ ਦੇ ਪਾਇਲਟ ਨੇ ਪੈਰਾਸ਼ੂਟ ਦੀ ਮਦਦ ਨਾਲ ਆਪਣੀ ਜਾਨ ਬਚਾਈ। ਇਹ ਹਾਦਸਾ ਅਲਾ-ਸਕਾ ਦੇ ਆਇਲਸਨ ਏਅਰ ਫੋਰਸ ਬੇਸ 'ਤੇ ਸਿਖਲਾਈ ਦੌਰਾਨ ਵਾਪ-ਰਿਆ। ਇਹ ਹਾਦਸਾ ਬੁੱਧਵਾਰ ਨੂੰ ਸਵੇਰੇ 3:19 ਵਜੇ ਵਾਪਰਿਆ।

ਹਵਾਈ ਸੈਨਾ ਦੇ 354ਵੇਂ ਫਾਈਟਰ ਵਿੰਗ ਦੇ ਕਮਾਂਡਰ ਕਰਨਲ ਪਾਲ ਟਾਊਨਸੇਂਡ ਨੇ ਇੱਕ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਪਾਇਲਟ ਨੂੰ ਉਡਾਨ ਦੌਰਾਨ ਜਹਾਜ਼ ਵਿੱਚ ਖਰਾਬੀ ਦਾ



ਸਾਹਮਣਾ ਕਰਨਾ ਪਿਆ ਸੀ। ਇਸ ਕਾਰਨ ਜਹਾਜ਼ ਲੈਂਡਿੰਗ ਦੌਰਾਨ ਹਾਦਸਾਗ੍ਰਸਤ ਹੋ ਗਿਆ।

ਹਾਦਸੇ ਤੋਂ ਬਾਅਦ ਪਾਇਲਟ ਸੁਰੱਖਿਅਤ ਹੈ। ਇਹ ਇੱਕ ਸਿੰਗਲ-ਸੀਟਰ ਲੜਾਕੂ ਜਹਾਜ਼ ਸੀ, ਜਿਸ ਵਿੱਚ ਸਿਰਫ਼ ਇੱਕ ਪਾਇਲਟ ਸਵਾਰ ਸੀ।

ਐੱਫ-35 ਲੜਾਕੂ ਜਹਾਜ਼ 5ਵੀਂ ਪੀੜ੍ਹੀ ਦਾ ਜਹਾਜ਼ ਹੈ। ਇਸਨੂੰ ਲਾਕਹੀਡ ਮਾਰਟਿਨ ਦੁਆਰਾ ਨਿਰਮਿਤ ਕੀਤਾ ਜਾਂਦਾ ਹੈ। ਇਸ ਜਹਾਜ਼ ਦਾ ਨਿਰਮਾਣ 2006 ਵਿੱਚ ਸ਼ੁਰੂ ਹੋਇਆ ਸੀ। 2015 ਤੋਂ ਇਹ ਅਮਰੀਕੀ ਹਵਾਈ ਸੈਨਾ ਦਾ ਇੱਕ ਮਹੱਤਵਪੂਰਨ ਹਿੱਸਾ ਰਿਹਾ ਹੈ।

# ਗਹਿਣਿਆਂ ਦੀ ਦੁਕਾਨ ’ਚ ਡਕੈਤੀ ਮਾਮਲੇ ’ਚ ਇੱਕ ਕਾਬੂ, ਤਿੰਨ ਹੋਰ ਦੀ ਭਾਲ

ਹੈਮਿਲਟਨ, 29 ਜਨਵਰੀ (ਪੋਸਟ ਬਿਊਰੋ): ਬੀਤੇ ਮੰਗਲਵਾਰ ਨੂੰ ਹੈਮਿਲਟਨ ਮਾਲ ਦੇ ਇੱਕ ਗਹਿਣਿਆਂ ਦੀ ਦੁਕਾਨ 'ਤੇ ਹੋਈ ਲੁੱਟ-ਖੋਹ ਤੋਂ ਬਾਅਦ ਟੋਰਾਂਟੋ ਦੇ ਇੱਕ ਨੌਜਵਾਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਤਿੰਨ ਹੋਰ ਲੋੜੀਂਦੇ ਹਨ। ਹੈਮਿਲਟਨ ਪੁਲਿਸ ਨੇ ਦੱਸਿਆ ਕਿ ਹਥੌੜਿਆਂ ਨਾਲ ਲੈਸ ਚਾਰ ਸ਼ੱਕੀ ਦੁਪਹਿਰ 3 ਵਜੇ ਦੇ ਕਰੀਬ ਸੀਐੱਫ ਲਾਈਮ ਰਿਜ ਦੇ ਅੰਦਰ ਪੀਪਲਜ਼ ਜਵੈਲਰਜ਼ ਵਿੱਚ ਪਹੁੰਚੇ। ਸ਼ੱਕੀਆਂ ਨੇ ਡਿਸਪਲੇਅ ਕੇਸ ਤੋੜਨ ਅਤੇ ਗਹਿਣੇ ਚੋਰੀ ਕਰਨ ਲਈ




ਆਪਣੇ ਹਥੌੜਿਆਂ ਦੀ ਵਰਤੋਂ ਕੀਤੀ।


ਵਾਰਦਾਤ ਤੋਂ ਬਾਅਦ ਦੋ ਮੁਲਜ਼ਮ ਇਕ ਗੱਡੀ ਵਿਚ ਅਤੇ ਦੋ ਮਾਲ ਦੇ ਪਾਰਕਿੰਗ ਲਾਟ ਵਿਚੋਂ ਪੈਦਲ ਹੀ ਫ਼ਰਾਰ ਹੋ ਗਏ। ਪੁਲਿਸ ਨੇ ਦੱਸਿਆ ਕਿ ਖੇਤਰ ਦੀ ਤਲਾਸ਼ੀ ਦੌਰਾਨ ਇਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਸ਼ੱਕੀਆਂ ਨਾਲ ਜੁੜੇ ਗਹਿਣੇ ਅਤੇ ਕੱਪੜੇ ਵੀ ਬਰਾਮਦ ਕਰ ਲਏ ਗਏ ਹਨ। ਪੁਲਿਸ ਵੱਲੋਂ ਹਾਲੇ ਤਿੰਨ ਲੋੜੀਂਦੇ ਮੁਲਜ਼ਮਾਂ ਦਾ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ। ਜਿਨ੍ਹਾਂ ਵਿਚੋਂ ਇੱਕ ਨੂੰ ਆਖਰੀ ਵਾਰ ਅੱਪਰ ਵੈਲਿੰਗਟਨ ਸਟਰੀਟ ਅਤੇ ਅੱਪਰ ਵੈਂਟਵਰਥ ਸਟਰੀਟ ਦੇ ਵਿਚਕਾਰ ਲਾਈਮਰਿਜ ਰੋਡ ਵੈਸਟ ਦੇ ਖੇਤਰ ‘ਚ ਦੇਖਿਆ ਗਿਆ ਸੀ। ਪੁਲਿਸ ਨੇ ਦੱਸਿਆ ਕਿ ਅਧਿਕਾਰੀ ਆਪਣੀ ਜਾਂਚ ਵਿਚ ਸਹਾਇਤਾ ਲਈ ਇਲਾਕੇ ਵਿਚ ਲੱਗੇ ਸੀਸੀਟੀਵੀ ਦੀ ਫੁਟੇਜ ਦੀ ਜਾਂਚ ਕਰ ਰਹੇ ਹਨ।

# ਉੱਤਰ ਪ੍ਰਦੇਸ਼ ਦੀ ਗਣਤੰਤਰ ਦਿਵਸ ਦੀ ਝਾਕੀ ਨੇ ਪਹਿਲਾ ਸਥਾਨ ਕੀਤਾ ਪ੍ਰਾਪਤ

ਨਵੀਂ ਦਿੱਲੀ, 29 ਜਨਵਰੀ (ਪੋਸਟ ਬਿਊਰੋ): ਗਣਤੰਤਰ ਦਿਵਸ ਪਰੇਡ ਵਿੱਚ ਉੱਤਰ ਪ੍ਰਦੇਸ਼ ਦੀ ਝਾਕੀ ਨੇ 40 ਪ੍ਰਤੀਸ਼ਤ ਵੋਟਾਂ (25,007) ਨਾਲ 'ਪੀਪਲਜ਼ ਚੁਆਇਸ ਅਵਾਰਡ' ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। ਉੱਤਰ ਪ੍ਰਦੇਸ਼ ਸਰਕਾਰ ਨੇ ਮੰਗਲਵਾਰ ਨੂੰ ਇੱਕ ਬਿਆਨ ਵਿੱਚ ਇਹ ਜਾਣਕਾਰੀ ਦਿੱਤੀ।

ਬਿਆਨ ਵਿੱਚ ਕਿਹਾ ਗਿਆ ਹੈ ਕਿ ਝਾਕੀ ਵਿੱਚ ਮਹਾਂਕੁੰਭ ਦੀ ਸ਼ਾਨ ਨੂੰ ਦਰਸਾਇਆ ਗਿਆ ਹੈ ਅਤੇ ਪ੍ਰਯਾਗਰਾਜ ਵਿਖੇ ਗੰਗਾ, ਯਮੁਨਾ ਅਤੇ ਸਰਸਵਤੀ ਦੇ ਪਵਿੱਤਰ ਸੰਗਮ ਨੂੰ ਦੁਨੀਆ ਦੇ ਸਭ ਤੋਂ ਵੱਡੇ ਮਨੁੱਖਤਾ ਦੇ ਇਕੱਠ ਵਜੋਂ ਦਰਸਾਇਆ ਗਿਆ ਹੈ।

ਅਧਿਆਤਮਿਕਤਾ, ਵਿਰਾਸਤ, ਵਿਕਾਸ ਅਤੇ ਡਿਜ਼ੀਟਲ ਪ੍ਰਗਤੀ 'ਤੇ ਕੇਂਦ੍ਰਿਤ, ਇਸ ਝਾਕੀ ਵਿੱਚ ਅੰਮ੍ਰਿਤ ਕਲਸ਼ ਦੀ ਇੱਕ ਸ਼ਾਨਦਾਰ



ਪ੍ਰਤੀਕ੍ਰਿਤੀ ਦੇ ਨਾਲ-ਨਾਲ ਵਗਦੀ ਅੰਮ੍ਰਿਤਧਾਰਾ ਨੂੰ ਵੀ ਪ੍ਰਦਰਸ਼ਿਤ ਕੀਤਾ ਗਿਆ। ਰਿਸ਼ੀ-ਮੁਨੀ ਅਤੇ ਸੰਤਾਂ ਦੁਆਰਾ ਸ਼ੰਖ ਵਜਾਉਣ ਅਤੇ ਸਾਧਨਾ ਕਰਨ ਅਤੇ ਸ਼ਰਧਾਲੂਆਂ ਦੁਆਰਾ ਸੰਗਮ ਵਿੱਚ ਡੁਬਕੀ ਲਗਾਉਣ ਦੇ ਚਿੱਤਰਣ ਨੇ ਮਹਾਂਕੁੰਭ 2025 ਦੇ ਅਧਿਆਤਮਿਕ ਸਾਰ ਨੂੰ ਜੀਵਤ ਕਰ ਦਿੱਤਾ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

TechSpirit
Consultation, Installation & Servicing



Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1



1080p HD ਦੇ 4 ਸਿਕਊਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

# ਮਹਾਕੁੰਭ 'ਚ ਤੜਕੇ ਮੱਚੀ ਭਗਦੜ 'ਚ 30 ਮੌਤਾਂ, 60 ਜ਼ਖ਼ਮੀ, ਮੁੱਖ ਮੰਤਰੀ ਯੋਗੀ ਆਦਿੱਤਿਅਨਾਥ ਵੱਲੋਂ ਨਿਆਂਇਕ ਜਾਂਚ ਦੇ ਹੁਕਮ

ਪ੍ਰਯਾਗਰਾਜ, 29 ਜਨਵਰੀ (ਪੋਸਟ ਬਿਊਰੋ): ਮਹਾਂਕੁੰਭ ਮੇਲੇ ਵਿਚ ਬੁੱਧਵਾਰ ਤੜਕੇ ਮਚੀ ਭਗਦੜ ਵਿਚ ਘੱਟੋ-ਘੱਟ 30 ਵਿਅਕਤੀਆਂ ਦੀ ਮੌਤ ਹੋ ਗਈ ਹੈ ਤੇ 60 ਜ਼ਖ਼ਮੀ ਦੱਸੇ ਜਾਂਦੇ ਹਨ। ਜ਼ਿਕਰਯੋਗ ਹੈ ਕਿ ਅੱਜ ਮੌਨੀ ਅਮਾਵੱਸਿਆ (ਅਮਾਵਸ) ਕਰਕੇ ਤ੍ਰਿਵੇਣੀ ਦੇ ਸੰਗਮ 'ਤੇ ਡੁਬਕੀ ਲਾਉਣ ਲਈ ਬਹੁਗਿਣਤੀ ਲੋਕ, ਜਿਨ੍ਹਾਂ ਦਾ ਅੰਕੜਾ ਕਰੋੜਾਂ ਵਿਚ ਦੱਸਿਆ ਜਾਂਦਾ ਹੈ, ਸੰਗਮ ਦੇ ਘਾਟ 'ਤੇ ਮੌਜੂਦ ਸਨ।



ਮੌਨੀ ਅਮਾਵੱਸਿਆ ਨੂੰ ਕੁੰਭ ਮੇਲੇ ਦੇ ਸਭ ਤੋਂ ਪਵਿੱਤਰ ਦਿਨਾਂ 'ਚੋਂ ਇਕ ਗਿਣਿਆ ਜਾਂਦਾ ਹੈ। ਡੀਆਈਜੀ ਵੈਭਵ ਕ੍ਰਿਸ਼ਨਾ ਨੇ ਸ਼ਾਮ ਸਮੇਂ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਤੜਕੇ ਮਚੀ ਭਗਦੜ ਕਰਕੇ 30 ਜਣਿਆਂ ਦੀ ਮੌਤ ਹੋ ਗਈ ਤੇ 60 ਹੋਰ ਜ਼ਖ਼ਮੀ ਹਨ। ਇਸ ਤੋਂ ਪਹਿਲਾਂ ਅੱਜ ਦਿਨੇ ਆਈਆਂ ਖ਼ਬਰਾਂ ਵਿਚ ਭਗਦੜ 'ਚ ਵੱਡੀ ਗਿਣਤੀ ਲੋਕਾਂ ਦੀ ਮੌਤ ਦਾ ਖ਼ਦਸ਼ਾ ਜਤਾਇਆ ਗਿਆ ਸੀ।

ਮੁੱਖ ਮੰਤਰੀ ਯੋਗੀ ਆਦਿੱਤਿਅਨਾਥ ਨੇ ਇਸ ਘਟਨਾ ਦੀ ਨਿਆਂਇਕ ਜਾਂਚ ਦੇ ਹੁਕਮ ਦਿੱਤੇ ਹਨ।

ਪੀੜਤਾਂ ਦੇ ਵਾਰਸਾਂ ਲਈ 25-25 ਲੱਖ ਰੁਪਏ ਦਾ ਮੁਆਵਜ਼ਾ ਐਲਾਨਿਆ ਹੈ। ਇਸ ਘਟਨਾ ਸੀ ਜਾਂਚ ਸਾਬਕਾ ਜੱਜ ਹਰਸ਼ ਕੁਮਾਰ ਦੀ ਅਗਵਾਈ 'ਚ ਤਿੰਨ ਮੈਂਬਰੀ ਕਮੇਟੀ ਕਰੇਗੀ। ਮੈਂਬਰਾਂ ਵਿਚ ਸਾਬਕਾ ਡੀਜੀਪੀ ਵੀਕੇ ਗੁਪਤਾ ਤੇ ਸੇਵਾਮੁਕਤ ਆਈਏਐੱਸ ਅਧਿਕਾਰੀ ਡੀਕੇ ਸਿੰਘ ਸ਼ਾਮਿਲ ਹੋਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਸ ਪੂਰੇ ਮਾਮਲੇ ਦੀ ਵੱਖਰੀ ਪੁਲਿਸ ਜਾਂਚ ਵੀ ਕੀਤੀ ਜਾਵੇਗੀ। ਭਾਵੁਕ ਨਜ਼ਰ ਆਏ ਮੁੱਖ ਮੰਤਰੀ ਆਦਿੱਤਿਅਨਾਥ ਨੇ ਕਿਹਾ ਕਿ ਇਸ ਘਟਨਾ ਦੀ ਤਹਿ ਤੱਕ ਜਾਣਾ ਜ਼ਰੂਰੀ ਹੈ ਕਿ ਕਿਵੇਂ ਇਹ ਦੁਖਦਾਈ ਘਟਨਾ ਵਾਪਰੀ। ਯੋਗੀ ਨੇ ਕਿਹਾ ਕਿ ਮੁੱਖ ਸਕੱਤਰ ਤੇ ਡੀਜੀਪੀ ਵੀਰਵਾਰ ਨੂੰ ਮਹਾਂਕੁੰਭ ਜਾ ਕੇ ਇਸ ਘਟਨਾ ਦੀ ਜਾਂਚ ਕਰਨਗੇ।

# ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਹਾਕੁੰਭ ਹਾਦਸੇ 'ਤੇ ਪ੍ਰਗਟਾਇਆ ਦੁੱਖ, ਕਿਹਾ- ਮੈਂ ਲਗਾਤਾਰ ਸੂਬਾ ਸਰਕਾਰ ਦੇ ਸੰਪਰਕ ਵਿੱਚ ਹਾਂ

ਨਵੀਂ ਦਿੱਲੀ, 29 ਜਨਵਰੀ (ਪੋਸਟ ਬਿਊਰੋ): ਪ੍ਰਯਾਗਰਾਜ ਮਹਾਕੁੰਭ 'ਚ ਮੌਨੀ ਅਮਾਵਸਿਆ ਦੇ ਮੌਕੇ 'ਤੇ ਕਰੋੜਾਂ ਸ਼ਰਧਾਲੂ ਇਸ਼ਨਾਨ ਕਰਨ ਲਈ ਸੰਗਮ 'ਚ ਪਹੁੰਚੇ, ਜਿਸ ਤੋਂ ਬਾਅਦ ਭਗਦੜ ਮਚ ਗਈ। ਇਸ ਘਟਨਾ 'ਚ ਕਈ ਸ਼ਰਧਾਲੂ ਜ਼ਖ਼ਮੀ ਹੋ ਗਏ । ਹੁਣ ਇਸ ਘਟਨਾ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੁੱਖ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਕਿ ਮੈਂ ਲਗਾਤਾਰ ਯੂਪੀ ਸਰਕਾਰ ਦੇ ਸੰਪਰਕ ਵਿੱਚ ਹਨ।

ਪੀਐਮ ਮੋਦੀ ਨੇ ਸੋਸ਼ਲ ਮੀਡੀਆ ਪਲੇਟਫ਼ਾਰਮ 'ਤੇ ਲਿਖਿਆ ਕਿ ਪ੍ਰਯਾਗਰਾਜ ਮਹਾਕੁੰਭ 'ਚ ਵਾਪਰਿਆ



ਹਾਦਸਾ ਬਹੁਤ ਹੀ ਦੁਖਦਾਈ ਹੈ। ਉਨ੍ਹਾਂ ਸ਼ਰਧਾਲੂਆਂ ਪ੍ਰਤੀ ਮੇਰੀ ਡੂੰਘੀ ਸੰਵੇਦਨਾ ਹੈ ਜਿਨ੍ਹਾਂ ਨੇ ਇਸ ਹਾਦਸੇ ਵਿਚ ਆਪਣੇ ਪਰਿਵਾਰਕ ਮੈਂਬਰਾਂ ਨੂੰ ਗੁਆ ਦਿੱਤਾ। ਮੈਂ ਜ਼ਖ਼ਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ। ਸਥਾਨਕ ਪ੍ਰਸ਼ਾਸਨ ਪੀੜਤਾਂ ਦੀ ਹਰ ਸੰਭਵ ਮਦਦ ਕਰਨ 'ਚ ਲੱਗਾ ਹੋਇਆ ਹੈ। ਮੈਂ ਮੁੱਖ ਮੰਤਰੀ ਯੋਗੀ ਨਾਲ ਗੱਲਬਾਤ ਕੀਤੀ ਅਤੇ ਮੈਂ ਲਗਾਤਾਰ ਸੂਬਾ ਸਰਕਾਰ ਦੇ ਸੰਪਰਕ ਵਿੱਚ ਹਾਂ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰ-ਦਰ ਮੋਦੀ ਨੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨਾਲ ਚਾਰ ਵਾਰ ਫ਼ੋਨ 'ਤੇ ਗੱਲਬਾਤ ਕੀਤੀ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਜ਼ਖ਼ਮੀਆਂ ਨੂੰ ਤੁਰੰਤ ਹਸਪਤਾਲ ਪਹੁੰਚਾਉਣ ਅਤੇ ਰਾਹਤ ਅਤੇ ਬਚਾਅ ਕਾਰਜ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਹਨ।

# ਡਿਪਟੀ ਕਮਿਸ਼ਨਰ ਵੱਲੋਂ ਕਿਲ੍ਹਾ ਰਾਏਪੁਰ ਪੇਂਡੂ ਓਲੰਪਿਕ ਦੀਆਂ ਤਿਆਰੀਆਂ ਦੀ ਸਮੀਖਿਆ

### 31 ਜਨਵਰੀ ਤੋਂ 2 ਫਰਵਰੀ ਤੱਕ ਹੋਵੇਗਾ ਖੇਡਾਂ ਦਾ ਆਯੋਜਨ

ਲੁਧਿਆਣਾ, 29 ਜਨਵਰੀ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਕਿਲ੍ਹਾ ਰਾਏਪੁਰ ਵਿਖੇ ਪੇਂਡੂ ਓਲੰਪਿਕ 2025 ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਇਹ ਖੇਡਾਂ 31 ਜਨਵਰੀ ਤੋਂ 2 ਫਰਵਰੀ ਤੱਕ ਹੋਣਗੀਆਂ, ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਸ਼ੁੱਕਰਵਾਰ ਨੂੰ ਦੁਪਹਿਰ 1 ਵਜੇ ਇਸ ਸਮਾਗਮ ਦਾ ਉਦਘਾਟਨ ਕਰਨਗੇ।

ਲਗਾਤਾਰ ਦੂਜੇ ਸਾਲ, ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੇਂਡੂ ਓਲੰਪਿਕ ਦਾ ਆਯੋਜਨ ਕਰ ਰਹੀ ਹੈ।

ਖੇਡਾਂ ਦੇ ਪਹਿਲੇ ਦਿਨ, ਸ਼ਡਿਊਲ ਵਿੱਚ ਮੁੰਡਿਆਂ ਦਾ ਹਾਕੀ ਮੈਚ, ਉਸ ਤੋਂ ਬਾਅਦ ਕੁੜੀਆਂ ਦਾ ਹਾਕੀ ਮੈਚ, ਕੁੜੀਆਂ ਦਾ ਕਬੱਡੀ, ਵਾਲੀਬਾਲ, ਖੋ-ਖੋ, ਅਤੇ ਦੋਵਾਂ ਵਰਗਾਂ ਲਈ 1500 ਮੀਟਰ ਦੌੜ, ਅਤੇ ਨਾਲ ਹੀ ਨੈਸ਼ਨਲ ਸਟਾਈਲ ਕੁੜੀਆਂ ਦਾ ਕਬੱਡੀ ਮੈਚ ਸ਼ਾਮਲ ਹੈ। ਉਦਘਾਟਨੀ ਦਿਨ, 31 ਜਨਵਰੀ ਨੂੰ, ਮਸ਼ਹੂਰ ਪੰਜਾਬੀ ਗਾਇਕ ਪ੍ਰੀਤ ਹਰਪਾਲ ਦੁਆਰਾ ਆਪਣੀ ਗਾਇਕੀ ਨਾਲ ਹਾਜ਼ਰੀਨ ਦਾ ਮਨੋਰੰਜਣ ਕੀਤਾ ਜਾਵੇਗਾ ਜਦਕਿ 1 ਫਰਵਰੀ ਨੂੰ ਗਾਇਕ ਵਿਰਾਸਤ ਸੰਧੂ ਅਤੇ 2 ਫਰਵਰੀ ਨੂੰ ਕੁਲਵਿੰਦਰ ਬਿੱਲਾ ਵੱਲੋਂ ਆਪਣੀ ਪੇਸ਼ਕਾਰੀ ਦਿੱਤੀ ਜਾਵੇਗੀ।



ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਅੰਦਰ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸਮਰਪਿਤ ਹੈ ਅਤੇ ਪੰਜਾਬ ਦੀ ਖੇਡ ਸ਼ਾਨ ਨੂੰ ਮੁੜ ਸੁਰਜੀਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਪਰ ਹੁਨਰ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਤਰਾਸ਼ਣ ਦੀ ਲੋੜ ਹੈ। ਇਹ ਪੇਂਡੂ ਓਲੰਪਿਕ ਭਵਿੱਖ ਦੇ ਚੈਂਪੀਅਨ ਪੈਦਾ ਕਰਨ ਵਿੱਚ ਸਹਾਈ ਸਿੱਧ ਹੋਵੇਗੀ।

ਡਿਪਟੀ ਕਮਿਸ਼ਨਰ ਜੋਰਵਾਲ ਨੇ ਇਹ ਵੀ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਭਾਗੀਦਾਰਾਂ ਲਈ ਇੱਕ ਸੁਚਾਰੂ ਅਨੁਭਵ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕਰੇਗਾ ਅਤੇ ਕੋਈ ਵੀ ਅਸੁਵਿਧਾ ਨਹੀਂ ਹੋਵੇਗੀ। ਉਨ੍ਹਾਂ ਪੰਜਾਬ ਲਈ ਇਨ੍ਹਾਂ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਵੱਖ-ਵੱਖ ਵਿਭਾਗੀ ਮੁਖੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਪ੍ਰਬੰਧ ਯਕੀਨੀ ਬਣਾਏ ਜਾਣ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਖੇਡਾਂ ਦੀ ਪ੍ਰਸਿੱਧੀ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਲਈ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਲਈ ਵੀ ਪ੍ਰੇਰਿਤ ਕੀਤਾ।

# 10,000 ਰੁਪਏ ਰਿਸ਼ਵਤ ਲੈਂਦਾ ਸੇਵਾਮੁਕਤ ਹੌਲਦਾਰ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 29 ਜਨਵਰੀ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸੇਵਾਮੁਕਤ ਹੌਲਦਾਰ ਬਲਵਿੰਦਰ ਸਿੰਘ, ਜੋ ਲੁਧਿਆਣਾ ਜ਼ਲ੍ਹਿ ਦੇ ਥਾਣਾ ਮਾਛੀਵਾੜਾ ਵਿਖੇ ਤਾਇਨਾਤ ਸਟੇਸ਼ਨ ਹਾਊਸ ਅਫ਼ਸਰ (ਐਸ.ਐਚ.ਓ.) ਦਾ ਸਾਥੀ ਹੈ, ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਦੱਸਣਯੋਗ ਹੈ ਕਿ ਉਕਤ ਮੁਲਜ਼ਮ, ਪੁਲਿਸ ਵਿਭਾਗ ਦੇ ਕਿਸੇ ਅਧਿਕਾਰਤ ਹੁਕਮ ਜਾਂ ਪ੍ਰਵਾਨਗੀ ਤੋਂ ਬਿਨਾਂ ਹੀ ਥਾਣੇ ਵਿੱਚ ਡਿਊਟੀ ਨਿਭਾਅ ਰਿਹਾ ਸੀ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਖੰਨਾ ਪੁਲਿਸ ਜ਼ਲ੍ਹਿ ਦੇ ਮਾਛੀਵਾੜਾ ਸਬ-ਡਵੀਜ਼ਨ ਦੇ ਪਿੰਡ ਮੋਹਨ ਮਾਜਰਾ ਦੇ ਵਸਨੀਕ ਸੁਖਵੀਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾ-ਇਤ ਦੇ ਆਧਾਰ 'ਤੇ ਕੀਤੀ ਗਈ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਲੁਧਿਆਣਾ ਸਥਿਤ ਵਿਜੀਲੈਂਸ ਬਿਊਰੋ ਰੇਂਜ ਦੇ ਦਫ਼ਤਰ ਪਹੁੰਚ ਕਰਕੇ ਸ਼ਿਕਾਇਤ ਵਿੱਚ ਦੱਸਿਆ ਕਿ ਉਸਦੀ ਕਾਰ ਮਾਛੀਵਾੜਾ ਪੁਲਿਸ ਨੇ ਜ਼ਬਤ ਕਰ ਲਈ ਹੈ। ਸ਼ਿਕਾਇਤਕਰਤਾ ਅਨੁਸਾ-ਰ ਮੁਲਜ਼ਮ ਬਲਵਿੰਦਰ ਸਿੰਘ ਨੇ ਉਸਨੂੰ ਦੱਸਿਆ ਕਿ ਉਸਦੀ ਕਾਰ ਮੁੱਖ ਮੁਨਸ਼ੀ ਕਰਨ ਦੇ ਕਬਜ਼ੇ ਵਿੱਚ ਹੈ ਅਤੇ ਉਸਨੇ ਕਾਰ ਵਾਪਸ ਦਿਵਾਉਣ ਲਈ ਉਸ ਤੋਂ 25,000 ਰੁਪਏ ਰਿਸ਼ਵਤ ਮੰਗੀ ਹੈ। ਹਾਲਾਂਕਿ, ਗੱਲਬਾਤ ਤੋਂ ਬਾਅਦ ਉਨ੍ਹਾਂ ਦਾ ਸੌਦਾ 15,000 ਰੁਪਏ ਵਿੱਚ ਤੈਅ ਹੋ ਗਿਆ।

28 ਜਨਵਰੀ, 2025 ਨੂੰ ਸ਼ਿਕਾ-ਇਤਕਰਤਾ ਨੇ ਬਲਵਿੰਦਰ ਸਿੰਘ ਨਾਲ ਫ਼ੋਨ 'ਤੇ ਗੱਲ ਕਰਕੇ ਰਿਸ਼ਵਤ ਦੀ ਰਕਮ ਘਟਾਉਣ ਲਈ ਉਸਨੂੰ ਬੇਨਤੀ ਕੀਤੀ, ਜਿਸ ਤੋਂ ਬਾਅਦ ਮੁਲਜ਼ਮ ਬਲਵਿੰਦਰ ਸਿੰਘ 10,000 ਰੁਪਏ ਰਿਸ਼ਵਤ 'ਤੇ ਸਹਿਮਤ ਹੋ ਗਿਆ। ਸ਼ਿਕਾਇਤਕਰਤਾ ਨੇ ਫੋਨ 'ਤੇ ਹੋਈ ਸਾਰੀ ਗੱਲਬਾਤ ਨੂੰ ਸਬੂਤ ਵਜੋਂ ਰਿਕਾਰਡ ਕਰ ਲਿਆ ਅਤੇ ਇਸਨੂੰ ਲੁਧਿਆਣਾ ਸਥਿਤ ਵਿਜੀਲੈਂਸ ਬਿਊਰੋ ਰੇਂਜ ਦੇ ਦਫ਼ਤਰ ਨੂੰ ਜਮ੍ਹਾਂ ਕਰਵਾ ਦਿੱਤਾ।

ਬੁਲਾਰੇ ਨੇ ਅੱਗੇ ਕਿਹਾ ਕਿ ਮੁੱਢਲੀ ਜਾਂਚ ਕਰਨ ਤੋਂ ਬਾਅਦ ਵਿਜੀਲੈਂਸ ਬਿਊਰੋ, ਲੁਧਿਆਣਾ ਰੇਂਜ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਮਾਛੀਵਾੜਾ ਥਾਣੇ ਦੇ ਬਾਹਰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾ-ਇਤਕਰਤਾ ਤੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਮੌਕੇ ਵਿਜੀਲੈਂਸ ਬਿਊਰੋ ਦੀ ਟੀਮ ਨੂੰ ਸ਼ਿਕਾਇਤਕਰਤਾ ਦੀ ਕਾਰ ਵੀ ਥਾਣੇ ਵਿੱਚ ਖੜ੍ਹੀ ਮਿਲੀ।

ਜਾਂਚ ਦੌਰਾਨ ਇਹ ਖੁਲਾਸਾ ਹੋਇਆ ਕਿ ਉਕਤ ਮੁਲਜ਼ਮ ਬਲਵਿੰਦਰ ਸਿੰਘ ਪਹਿਲਾਂ ਹੀ ਪੰਜਾਬ ਆਰਮਡ ਪੁਲਿਸ (ਪੀ.ਏ.ਪੀ.) ਤੋਂ ਸੇਵਾਮੁਕਤ ਹੋ ਚੁੱਕਾ ਹੈ ਪਰ ਮਾਛੀਵਾੜਾ ਦੇ ਐਸ.ਐਚ.ਓ. ਨੇ ਬਿਨਾਂ ਕਿਸੇ ਵਿਭਾਗੀ ਹੁਕਮ ਦੇ ਉਸਨੂੰ ਥਾਣੇ ਵਿੱਚ ਗੈਰ-ਕਾਨੂੰਨੀ ਤੌਰ 'ਤੇ ਤਾਇਨਾਤ ਕੀਤਾ ਹੋਇਆ ਸੀ। ਇਸ ਤਰ੍ਹਾਂ ਉਕਤ ਮੁਲਜ਼ਮ ਬਿਨਾਂ ਕਿਸੇ ਸਰਕਾਰੀ ਹੁਕਮ ਜਾਂ ਪ੍ਰਵਾਨਗੀ ਦੇ ਪੁਲਿਸ ਥਾਣੇ ਵਿੱਚ ਕੰਮ ਕਰ ਰਿਹਾ ਹੈ। ਦੱਸਣਯੋਗ ਹੈ ਕਿ ਇਸ ਕੇਸ ਵਿੱਚ ਸਬੰਧਤ ਐਸ.ਐਚ.ਓ. ਅਤੇ ਮੁੱਖ ਮੁਨਸ਼ੀ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7-ਏ ਅਤੇ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) ਦੀ ਧਾਰਾ 318 ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਮੁਲਜ਼ਮ ਨੂੰ ਕੱਲ੍ਹ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664












# ਇਸਰੋ ਦਾ 100ਵਾਂ ਮਿਸ਼ਨ ਸਫ਼ਲ, ਨੇਵੀਗੇਸ਼ਨ ਸੈਟੇਲਾਈਟ ਕੀਤਾ ਲਾਂਚ

ਸ਼੍ਰੀਹਰੀਕੋਟਾ, 29 ਜਨਵਰੀ (ਪੋਸਟ ਬਿਊਰੋ): ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਨੇ ਬੁੱਧਵਾਰ ਨੂੰ ਆਪਣੇ ਇਤਿਹਾਸਕ 100ਵੇਂ ਮਿਸ਼ਨ ਦੇ ਹਿੱਸੇ ਵਜੋਂ ਇੱਕ ਉੱਨਤ ਨੇਵੀਗੇਸ਼ਨ ਸੈਟੇਲਾਈਟ ਨੂੰ ਸਫਲਤਾਪੂਰਵਕ ਲਾਂਚ ਕੀਤਾ।



ਬੁੱਧਵਾਰ ਦੀ ਸਵੇਰ ਨੂੰ ਕੀਤਾ ਗਿਆ ਇਹ ਲਾਂਚਿੰਗ, ਇਸਰੋ ਦੇ ਚੇਅਰਮੈਨ ਵੀ. ਨਾਰਾਇਣਨ ਦੀ ਅਗਵਾਈ ਹੇਠ ਪਹਿਲਾ ਮਿਸ਼ਨ ਹੈ। ਉਨ੍ਹਾਂ ਨੇ 13 ਜਨਵਰੀ ਨੂੰ ਅਹੁਦਾ ਸੰਭਾਲਿਆ। ਇਸ ਤੋਂ ਇਲਾਵਾ, ਇਹ 2025 ਵਿੱਚ ਇਸਰੋ ਦਾ ਪਹਿਲਾ ਮਿਸ਼ਨ ਹੈ।

ਇਸ ਤੋਂ ਪਹਿਲਾਂ, ਇਸਰੋ ਨੇ ਸਪੇਸ ਡੌਕਿੰਗ ਪ੍ਰਯੋਗ ਦਾ ਸਫ਼ਲਤਾਪੂਰਵਕ ਪ੍ਰਦਰਸ਼ਨ ਕੀਤਾ ਸੀ। ਇਸ ਪ੍ਰਯੋਗ ਦੇ ਤਹਿਤ, ਲਾਂਚ 30 ਦਸੰਬਰ, 2024 ਨੂੰ ਕੀਤਾ ਗਿਆ ਸੀ, ਜੋ ਕਿ ਪੁਲਾੜ ਏਜੰਸੀ ਦਾ 99ਵਾਂ ਮਿਸ਼ਨ ਸੀ।

ਨਾਰਾਇਣਨ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਐਲਾਨ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਕਿ 2025 ਵਿੱਚ ਇਸਰੋ ਦਾ ਪਹਿਲਾ ਯਤਨ ਸਫ਼ਲ ਰਿਹਾ।

ਸਫਲ ਲਾਂਚਿੰਗ ਤੋਂ ਬਾਅਦ ਉਨ੍ਹਾਂ ਨੇ ਕਿਹਾ ਕਿ ਸੈਟੇਲਾਈਟ ਨੂੰ "ਲੋੜੀਂਦੇ ਔਰਬਿਟ ਵਿੱਚ ਸਹੀ ਢੰਗ ਨਾਲ ਰੱਖਿਆ ਗਿਆ ਸੀ।" ਇਹ ਮਿਸ਼ਨ 100ਵਾਂ ਲਾਂਚ ਹੈ, ਜੋ ਕਿ ਇੱਕ ਬਹੁਤ ਹੀ ਮਹੱਤਵਪੂਰਨ ਪ੍ਰਾਪਤੀ ਹੈ।

ਸ਼੍ਰੀਹਰੀਕੋਟਾ ਪੁਲਾੜ ਕੇਂਦਰ ਤੋਂ ਰਾਕੇਟ ਰਾਹੀਂ ਨੇਵੀਗੇਸ਼ਨ ਸੈਟੇਲਾਈਟ ਦੇ ਲਾਂਚ ਲਈ 27.30 ਘੰਟਿਆਂ ਦੀ ਉਲਟੀ ਗਿਣਤੀ ਮੰਗਲਵਾਰ ਨੂੰ ਸ਼ੁਰੂ ਹੋ ਗਈ। ਉਲਟੀ ਗਿਣਤੀ ਖਤਮ ਹੋਣ ਤੋਂ ਬਾਅਦ, ਸਵਦੇਸ਼ੀ ਕ੍ਰਾਇਓਜੇਨਿਕ ਸਟੇਜ ਵਾਲਾ ਜੀਓਸਿੰਕ੍ਰੋਨਸ ਸੈਟੇਲਾਈਟ ਲਾਂਚ ਵਹੀਕਲ, ਆਪਣੀ 17ਵੀਂ ਉਡਾਨ ਵਿੱਚ ਨੇਵੀਗੇਸ਼ਨ ਸੈਟੇਲਾਈਟ -02 ਨੂੰ ਲੈ ਕੇ, ਸਵੇਰੇ 6.23 ਵਜੇ ਇੱਥੇ ਦੂਜੇ ਲਾਂਚ ਪੈਡ ਤੋਂ ਰਵਾਨਾ ਹੋਇਆ।

ਪੁਲਾੜ ਯਾਨ ਨੇ ਲਗਭਗ 19 ਮਿੰਟਾਂ ਦੀ ਯਾਤਰਾ ਤੋਂ ਬਾਅਦ ਆਪਣੇ ਪੇਲੋਡ ਐੱਨਵੀਐੱਸ-02 ਨੈਵੀਗੇਸ਼ਨ ਸੈਟੇਲਾਈਟ - ਨੂੰ ਲੋੜੀਂਦੇ ਜੀਓਸਿੰਕ੍ਰੋਨਸ ਟ੍ਰਾਂਸਫਰ ਔਰਬਿਟ (ਜੀਟੀਓ) ਵਿੱਚ ਸਫ਼ਲਤਾਪੂਰਵਕ ਸਥਾਪਿਤ ਕੀਤਾ।

ਇਹ ਨੈਵੀਗੇਸ਼ਨ ਸੈਟੇਲਾਈਟ 'ਨੇਵੀਗੇਸ਼ਨ ਵਿਦ ਇੰਡੀਅਨ ਕੰਸਟੇਲੇਸ਼ਨ' ਲੜੀ ਦਾ ਦੂਜਾ ਹੈ, ਜਿਸਦਾ ਉਦੇਸ਼ ਭਾਰਤੀ ਉਪ ਮਹਾਂਦੀਪ ਦੇ ਨਾਲ-ਨਾਲ ਭਾਰਤੀ ਭੂਮੀ ਤੋਂ ਪਰੇ ਲਗਭਗ 1500 ਕਿਲੋਮੀਟਰ ਦੇ ਖੇਤਰਾਂ ਵਿੱਚ ਉਪਭੋਗਤਾਵਾਂ ਨੂੰ ਸਹੀ ਸਥਿਤੀ, ਗਤੀ ਅਤੇ ਸਮੇਂ ਦੀ ਜਾਣਕਾਰੀ ਪ੍ਰਦਾਨ ਕਰਨਾ ਹੈ।

ਇਸ ਤੋਂ ਪਹਿਲਾਂ, 29 ਮਈ, 2023 ਨੂੰ, ਜੀਐੱਸਐੱਲਵੀ-ਐੱਫ12 ਮਿਸ਼ਨ ਤਹਿਤ ਪਹਿਲੀ ਦੂਜੀ ਪੀੜ੍ਹੀ ਦੇ ਨੇਵੀਗੇਸ਼ਨ ਸੈਟੇਲਾਈਟ ਐੱਨਵੀਐੱਸ-01 ਨੂੰ ਸਫ਼ਲਤਾਪੂਰਵਕ ਲਾਂਚ ਕੀਤਾ ਗਿਆ ਸੀ।

ਇਸਰੋ ਨੇ ਕਿਹਾ ਕਿ ਐੱਨਵੀਐੱਸ-02 ਸੈਟੇਲਾਈਟ ਦੀ ਵਰਤੋਂ ਧਰਤੀ, ਹਵਾਈ ਅਤੇ ਸਮੁੰਦਰੀ ਨੈਵੀਗੇਸ਼ਨ, ਸਹੀ ਖੇਤੀਬਾੜੀ ਜਾਣਕਾਰੀ, ਫ਼ਲੀਟ ਪ੍ਰਬੰਧਨ, ਮੋਬਾਈਲ ਉਪਕਰਣਾਂ ਵਿੱਚ ਸਥਾਨ-ਅਧਾਰਤ ਸੇਵਾਵਾਂ, ਸੈਟੇਲਾਈਟਾਂ ਲਈ ਔਰਬਿਟ ਨਿਰਧਾਰਨ, ਇੰਟਰਨੈਟ-ਆਫ-ਥਿੰਗਜ਼ ਅਧਾਰਤ ਐਪਲੀਕੇਸ਼ਨਾਂ ਅਤੇ ਐਮਰਜੈਂਸੀ ਸੇਵਾਵਾਂ ਲਈ ਕੀਤੀ ਜਾਵੇਗੀ। ਮੈਂ ਸਹਿਯੋਗ ਕਰਾਂਗਾ। ਇੰਟਰਨੈੱਟ ਆਫ਼ ਥਿੰਗਜ਼ ਦਾ ਮਤਲਬ ਹੈ ਆਪਸ ਵਿੱਚ ਜੁੜੇ ਡਿਵਾਈਸਾਂ ਦੇ ਸਮੂਹਿਕ ਨੈਟਵਰਕ ਅਤੇ ਤਕਨਾਲੋਜੀ ਜੋ ਡਿਵਾਈਸਾਂ ਅਤੇ ਕਲਾਉਡ ਵਿਚਕਾਰ ਸੰਚਾਰ ਦੀ ਸਹੂਲਤ ਦਿੰਦੀ ਹੈ।

# ਸਾਲ 2025 ਲਈ ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਦਾ ਐਲਾਨ

ਅੰਮ੍ਰਿਤਸਰ, 29 ਜਨਵਰੀ (ਗਿਆਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ’ਤੇ ਅੱਜ ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਦਾ ਆਉਣ ਵਾਲੇ ਸੈਸ਼ਨ 2025 ਲਈ ਐਲਾਨ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਅਮਰਜੀਤ ਸਿੰਘ ਭਲਾਈਪੁਰ ਤੇ ਸਕੱਤਰ ਖੇਡਤੇਜਿੰਦਰ ਸਿੰਘ ਪੱਡਾ ਨੇ ਟੀਮ ਐਲਾਨ ਕਰਦਿਆਂ ਕਬੱਡੀ ਖਿਡਾਰੀਆਂ ਦੀਆਂ ਨਵੀਆਂ ਜਰਸੀਆਂ ਜਾਰੀ ਕੀਤੀਆਂ।




ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਹਾਕੀ ਅਕੈਡਮੀ ਅਤੇ ਕਬੱਡੀ ਅਕੈਡਮੀ ਰਾਹੀਂ ਖਿਡਾਰੀ ਤਿਆਰ ਕਰਨ ਦੇ ਨਾਲ-ਨਾਲ ਸਿੱਖ ਨੌਜਵਾਨਾਂ ਨੂੰ ਮਾਰਸ਼ਲ ਆਰਟ ਗਤਕੇ ਦੀ ਸਿੱਖਲਾਈ ਵੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਕਬੱਡੀ ਖਿਡਾਰੀਆਂ ਵੱਲੋਂ ਹਰ ਸਾਲ ਵੱਡੀਆਂ ਮਲਾਂ ਮਾਰੀਆਂ ਜਾਂਦੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ’ਤੇ ਇਸ ਸਾਲ ਦੇ ਆਉਣ ਵਾਲੇ ਸੈਸ਼ਨ ਲਈ ਕਬੱਡੀ ਟੀਮ ਦਾ ਅੱਜ ਐਲਾਨ ਕੀਤਾ ਗਿਆ ਹੈ, ਜੋ ਮੇਜਰ ਸਿੰਘ ਸਹੇੜੀ ਕੋਚ ਦੀ ਨਿਗਰਾਨੀ ਹੇਠ ਮੇਜਰ ਲੀਗ ਕਬੱਡੀ ਫੈਡਰੇਸ਼ਨ ’ਚ ਖੇਡੇਗੀ। ਇਸ ਟੀਮ ਵਿਚ ਭੁਪਿੰਦਰ ਸਿੰਘ ਭਿੰਦਾ ਮੂਲੇਵਾਲ ਨੂੰ ਕਪਤਾਨ ਅਤੇ ਕੁਲਦੀਪ ਸਿੰਘ ਸ਼ਿਕਾਰ ਮਾਛੀਆਂ ਤੇ ਜਰਮਨਜੀਤ ਸਿੰਘ ਬੱਲਪੁਰੀਆਂ ਨੂੰ ਉਪ ਕਪਤਾਨ ਬਣਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਦੀ ਕਬੱਡੀ ਟੀਮ ਵਿਚ ਅੰਮ੍ਰਿਤਪਾਲ ਸਿੰਘ ਲੰਬੜ ਮੱਲੀਆਂ, ਮਨਪ੍ਰੀਤ ਸਿੰਘ ਟਰਪੱਲਾ, ਸ਼ਨੀਪ੍ਰਤਾਪ ਸਿੰਘ ਡੇਰਾ ਬਾਬਾ ਨਾਨਕ, ਬਲਰਾਜ ਸਿੰਘ ਬੱਲਾ ਕਠਿਆਲਾ, ਲਵਜੀਤ ਸਿੰਘ ਕੁਹਾਲਾ, ਸੁਖਰਾਜ ਸਿੰਘ ਰਤਨਗੜ੍ਹ, ਜਸਪਿੰਦਰ ਸਿੰਘ ਜੱਸ, ਕਰਮਜੀਤ ਸਿੰਘ ਲਸਾੜਾ, ਧਰਮਪਾਲ ਸਿੰਘ ਅਵਾਨ, ਕੁਲਜੀਤ ਸਿੰਘ ਘਰਾਚੋਂ, ਗੁਰਪ੍ਰੀਤ ਸਿੰਘ ਮੰਗੂ, ਗੁਰਪ੍ਰੀਤ ਸਿੰਘ ਮੰਡੀਆਂ, ਕੰਮਲਜੀਤ ਸਿੰਘ ਲੰਬੜ, ਗਗਨਦੀਪ ਸਿੰਘ ਡੇਰਾ ਬਾਬਾ ਨਾਨਕ, ਲਵਪ੍ਰੀਤ ਸਿੰਘ ਗਗੂ, ਹਰਮਨਪ੍ਰੀਤ ਸਿੰਘ ਰੋਡੇ ਤੇ ਬਲਰਾਜ ਸਿੰਘ ਬੱਲਾ ਖੇਡਣਗੇ। ਉਨ੍ਹਾਂ ਨੌਜਵਾਨਾ ਨੂੰ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਨਾਲ ਜੁੜਣ ਦੀ ਪ੍ਰੇਰਨਾ ਕੀਤੀ। ਇਸ ਮੌਕੇ ਸਕੱਤਰ ਖੇਡ ਤਜਿੰਦਰ ਸਿੰਘ ਪੱਡਾ, ਇੰਚਾਰਜ ਗੁਰਮੀਤ ਸਿੰਘ ਮੁਕਤਸਰੀ, ਸਹਾਇਕ ਸੁਪਡੈਂਟ ਸੁਰਜੀਤ ਸਿੰਘ ਰਾਣਾ ਤੇ ਕਬੱਡੀ ਖਿਡਾਰੀ ਹਾਜ਼ਰ ਸਨ।










Urgently Need New Listings in Brampton/Caledon
visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

CALL JAG FOR A QUICK & FREE HOME EVALUATION
www.BramptonTopRealtor.com www.BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA

NEW Listing in *MISSISSAUGA*
Winston Churchill/Collegeway/Council Ring
Approx. 2000 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 3 ਵਾਸ਼ਰੂਮ 2 ਬੈਡਰੂਮ ਫਿਨੀਸ਼ਡ ਬੇਸਮੈਂਟ,3 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ। Family Rm with Fireplace, Stainless Steel Appliances. Spacious Living Rm & Bed Rms. Close to Hwy 403 , QEW , Hwy 407

NEW Listing in *BRAMPTON*
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੈਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.

Listed in *BRAMPTON*
Bovaird/Mclaughlin/Fletchers Creek
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੈਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੋਜ਼ਿਟ, Laundary on 2nd ਫਲੋਰ ਅਤੇ ਬੇਸਮੈਂਟ। Newly ਅਪਗਰੇਡੀਡ।

NEW Listing in *BRAMPTON*
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.

NEW Listing in *BRAMPTON*
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੈਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.

Listed in *MISSISSAUGA*
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੈਬਨਿਟ, ਨਵਾਂ ਪੇਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.

FREE
- Full MLS Services
- Consistently Marketing Your Property Until SOLD
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold
- Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022

The Mortgage Centre
We work for you, not the lenders.




Debt Consolidation
Renovations & Repairs
Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017